ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਐਨ.ਡੀ.ਪੀ.ਐਸ ਐਕਟ ਦੇ 64 ਵੱਖ-ਵੱਖ ਕੇਸਾਂ ਦਾ ਮਾਲ ਮੁਕੱਦਮਾ ਕਮੇਟੀ ਮੈਬਰਾਂ ਦੀ ਹਾਜ਼ਰੀ ਵਿੱਚ ਪਾਰਦਰਸ਼ੀ ਢੰਗ ਨਾਲ ਕੀਤਾ ਗਿਆ ਨਸਟ।



ਸ੍ਰੀ ਮੁਕਤਸਰ ਸਾਹਿਬ (                    ) ਮਾਨਯੋਗ ਸ੍ਰੀ ਗੌਰਵ ਯਾਦਵ ਆਈ.ਪੀ.ਐਸ ਅਤੇ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ ਆਈ.ਜੀ ਫਰੀਦਕੋਟ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਵੱਲੋਂ ਨਸ਼ਿਆਂ ਦੇ ਖਾਤਮੇ ਲਈ ਵਿਸ਼ੇਸ਼ ਮੁਹਿੰਮ ਵਿੱਢੀ ਗਈ ਹੈ। ਜਿਸ ਦੇ ਚੱਲਦਿਆ ਪੁਲਿਸ ਵੱਲੋਂ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ, ਇਸੇ ਲੜੀ ਦੇ ਤਹਿਤ ਪਿਛਲੇ ਕੁਝ ਸਮੇਂ ਅੰਦਰ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਭਾਰੀ ਮਾਤਰਾ ਵਿੱਚ ਨਸ਼ੀਲੇ ਪਦਾਰਥਾਂ ਦੀ ਬ੍ਰਾਮਦਗੀ ਅਤੇ ਨਸ਼ਾ ਤਸਕਰਾਂ ਨੂੰ ਕਾਬੂ ਕੀਤਾ ਗਿਆ ਹੈ। ਭਾਵੇਂ ਕਿ ਜਿਲ੍ਹਾ ਪੁਲਿਸ ਵੱਲੋਂ ਬ੍ਰਾਮਦ ਕੀਤੇ ਗਏ ਨਸ਼ੀਲੇ ਪਦਾਰਥਾਂ ਨੂੰ ਬਕਾਇਦਾ ਸੀਲ ਬੰਦ ਪਾਰਸਲਾਂ ਅਤੇ ਉੱਚ ਪੱਧਰ ਸੁਰੱਖਿਆ ਅਤੇ ਨਿਗਰਾਨੀ ਹੇਠ ਰੱਖਿਆ ਜਾ ਰਿਹਾ ਹੈ ਅਤੇ ਇਸ ਪ੍ਰਕਾਰ ਸਟੋਰ ਕੀਤੇ ਗਏ ਨਸ਼ੀਲੇ ਪਦਾਰਥਾਂ ਨੂੰ ਵਿਭਾਗ ਦੇ ਸੀਨੀਅਰ ਅਫਸਰਾਂ ਵੱਲੋਂ ਸਮੇਂ-ਸਮੇਂ ਤੇ ਚੈੱਕ ਵੀ ਕੀਤਾ ਜਾਂਦਾ ਹੈ, ਪਰੰਤੂ ਇੰਨ੍ਹਾਂ ਨਸ਼ੀਲੇ ਪਦਾਰਥਾਂ ਨੂੰ ਅਦਾਲਤੀ ਪ੍ਰਤੀਕ੍ਰਿਆ ਵਿੱਚ ਗੁਜ਼ਰਨ ਤੋਂ ਬਾਅਦ ਨਸ਼ਟ ਕਰਨਾ ਵੀ ਜਰੂਰੀ ਹੋ ਜਾਂਦਾ ਹੈ। ਇਸ ਸਬੰਧੀ ਸਮੇਂ ਸਮੇਂ ਤੇ ਮਾਨਯੋਗ ਸੁਪਰੀਮ ਕੋਰਟ ਵੱਲੋਂ ਲੋੜੀਦੇ ਦਿਸ਼ਾ ਨਿਰਦੇਸ਼ ਤਹਿਤ ਇੱਕ ਕਮੇਟੀ ਬਣਾਈ ਗਈ ਅਤੇ ਐਨ.ਡੀ.ਪੀ.ਐਸ ਐਕਟ ਨਾਲ ਸਬੰਧਿਤ ਮੁਕੱਦਿਮਆਂ ਦਾ ਮਾਲ ਐਗਰੋ ਐਨਰਜੀ ਲਿਮਿਟਿਡ ਪਿੰਡ ਸੇਢਾ ਸਿੰਘ ਵਾਲਾ (ਫ਼ਰੀਦਕੋਟ) ਦੇ ਬੋਇਲਰ ਵਿੱਚ ਨਸ਼ਟ ਕੀਤਾ ਗਿਆ ਹੈ।